# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :28-02-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਰਾਜਸਥਾਨ ਦੇ ਅਜਮੇਰ ਤੋਂ ਸਰਵੀਕਲ ਕੈਂਸਰ ਖਿਲਾਫ HPV ਟੀਕਾਕਰਨ ਮੁਹਿੰਮ ਦੀ ਦੇਸ਼ ਵਿਆਪੀ ਸ਼ੁਰੂਆਤ-ਚੰਡੀਗੜ੍ਹ ਵਿੱਚ ਹੋਇਆ ਇਸ ਮੁਹਿੰਮ ਦਾ ਆਗਾਜ਼।
- ਚੰਡੀਗੜ੍ਹ ਪ੍ਰਸ਼ਾਸਨ ਵਲੋਂ ਕੱਲ ਨੂੰ 'ਚੰਡੀਗੜ੍ਹ ਕੌਮਾਂਤਰੀ ਮੈਰਾਥਨ' ਦਾ ਆਯੋਜਨ-ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਮੈਰਾਥਨ ਦੀ ਅਗਵਾਈ ਕਰਨਗੇ ।
- ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ ਜਾ ਰਿਹਾ ਏ ।

- ਪੰਜਾਬ ਪੁਲਿਸ ਵਲੋਂ ਵੱਖ-ਵੱਖ ਕਾਰਵਾਈਆਂ ਦੌਰਾਨ RDX , ਪਿਸਤੌਲਾਂ , ਜ਼ਿੰਦਾ ਕਾਰਤੂਸ ਅਤੇ ਨਸ਼ੀਲੇ ਪਦਾਰਥਾਂ ਦੀ ਵੱਡੀ ਖੇਪ ਬਰਾਮਦ-14 ਵਿਅਕਤੀਆਂ ਨੂੰ ਕੀਤਾ ਗਿਆ ਗ੍ਰਿਫਤਾਰ ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਵੱਲੋਂ ਰਾਜਸਥਾਨ ਦੇ ਅਜਮੇਰ ਤੋਂ ਸਰਵੀਕਲ ਕੈਂਸਰ ਖਿਲਾਫ HPV ਟੀਕਾਕਰਨ ਮੁਹਿੰਮ ਦੀ ਦੇਸ਼ ਵਿਆਪੀ ਸ਼ੁਰੂਆਤ ਤੋਂ ਬਾਅਦ, ਅੱਜ ਚੰਡੀਗੜ੍ਹ ਵਿੱਚ ਵੀ ਇਸ ਮੁਹਿੰਮ ਦੀ ਸ਼ੁਰੂਆਤ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕੀਤੀ। ਇਸ ਪਹਿਲਕਦਮੀ ਨਾਲ, HPV  ਟੀਕਾ ਹੁਣ ਰਾਸ਼ਟਰੀ ਟੀਕਾਕਰਨ ਪ੍ਰੋਗਰਾਮ ਵਿੱਚ ਸ਼ਾਮਲ ਕਰ ਲਿਆ ਗਿਆ ਏ ਅਤੇ ਦੇਸ਼ ਭਰ ਦੀਆਂ ਯੋਗ ਲੜਕੀਆਂ ਨੂੰ ਮੁਫਤ ਪ੍ਰਦਾਨ ਕੀਤਾ ਜਾਵੇਗਾ। ਇਹ ਉਨ੍ਹਾਂ ਕੁੜੀਆਂ ਨੂੰ ਇੱਕ ਖੁਰਾਕ ਵਜੋਂ ਦਿੱਤਾ ਜਾਵੇਗਾ ਜਿਨ੍ਹਾਂ ਦੀ ਉਮਰ 14 ਸਾਲ ਪੂਰੀ ਹੋ ਗਈ ਏ  ਪਰ ਅਜੇ 15 ਸਾਲ ਦੀ ਨਹੀਂ ਹੋਈ ।

ਚੰਡੀਗੜ੍ਹ ਵਿੱਚ,ਸਮਾਗਮ ਸਰਕਾਰੀ ਮਲਟੀ-ਸਪੈਸ਼ਲਿਟੀ ਹਸਪਤਾਲ ਦੇ ਮਾਡਲ ਟੀਕਾਕਰਨ ਕੇਂਦਰ ਵਿਖੇ ਆਯੋਜਿਤ ਕੀਤਾ ਗਿਆ। ਉਦਘਾਟਨ

ਵਾਲੇ ਦਿਨ ਯੋਗ ਲੜਕੀਆਂ ਨੂੰ ਟੀਕਾਕਰਨ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਪਹਿਲੇ ਦਿਨ ਕੁੱਲ 13 ਲੜਕੀਆਂ ਦਾ ਟੀਕਾਕਰਨ ਕੀਤਾ ਗਿਆ। ਉਨ੍ਹਾਂ ਨੂੰ ਪਤਵੰਤਿਆਂ ਵਲੋਂ ਟੀਕਾਕਰਨ ਸਰਟੀਫਿਕੇਟ ਅਤੇ ਗਿਫਟ ਹੈਂਪਰ ਭੇਟ ਕੀਤੇ ਗਏ। ਸਾਰੇ ਲਾਭਪਾਤਰੀ ਡੇਟਾ ਨੂੰ ਯੂ-ਵਿਨ ਪੋਰਟਲ 'ਤੇ ਅਪਲੋਡ ਕੀਤਾ ਗਿਆ ਸੀ, ਅਤੇ ਟੀਕਾਕਰਨ ਸਰਟੀਫਿਕੇਟ ਮੌਕੇ 'ਤੇ ਤਿਆਰ ਕੀਤੇ ਗਏ ਸਨ। HPV ਟੀਕਾਕਰਨ ਮੁਹਿੰਮ ਤਿੰਨ ਮਹੀਨਿਆਂ ਤੱਕ ਜਾਰੀ ਰਹੇਗੀ, ਅਤੇ ਟੀਕਾ ਚੰਡੀਗੜ੍ਹ ਦੀਆਂ ਸਾਰੀਆਂ ਸਰਕਾਰੀ ਸਿਹਤ ਸਹੂਲਤਾਂ 'ਤੇ ਮੁਫਤ ਉਪਲਬਧ ਹੋਵੇਗਾ।

------------------------------------------------------------------------

ਚੰਡੀਗੜ੍ਹ ਪ੍ਰਸ਼ਾਸਨ ਕੱਲ ਪਹਿਲੀ ਮਾਰਚ ਨੂੰ ਚੰਡੀਗੜ੍ਹ ਕੌਮਾਂਤਰੀ ਮੈਰਾਥਨ ਦੀ ਮੇਜ਼ਬਾਨੀ ਕਰੇਗਾ,ਜੋ ਸ਼ਹਿਰ ਦੇ ਖੇਡ ਇਤਿਹਾਸ ਵਿੱਚ ਇੱਕ ਇਤਿਹਾਸਕ ਪਲ ਹੋਵੇਗਾ । ਇਸ ਮੈਰਾਥਨ ਨੂੰ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਰਵਾਨਾ ਕਰਨਗੇ । ਇਸ ਬਾਰੇ ਸ੍ਰੀ ਕਟਾਰੀਆ ਨੇ ਕਿਹਾ ਨੇ ਖੇਡ ਵਿਭਾਗ ਵਲੋਂ ਕਾਰਵਾਈ ਜਾ ਰਹੀ ਇਹ ਮੈਰਾਥਨ

ਚੰਡੀਗੜ੍ਹ ਵਿੱਚ ਹੋਣ ਵਾਲੀ ਪਹਿਲੀ ਕੌਮਾਂਤਰੀ ਮੈਰਾਥਨ ਹੋਵੇਗੀ ਅਤੇ ਆਪਣੀ ਕਿਸਮ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਖੇਡ ਗਤੀਵਿਧੀ ਹੋਵੇਗੀ।

BYTE:RNU280226A

ਰਾਜਪਾਲ ਨੂੰ ਅੱਜ ਪੰਜਾਬ ਲੋਕ ਭਵਨ ਵਿਖੇ ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਵਲੋਂ ਮੈਰਾਥਨ ਦੀ ਅਧਿਕਾਰਤ ਟੀ-ਸ਼ਰਟ ਦਿਤੀ ਗਈ । ਉਨ੍ਹਾਂ ਪ੍ਰਤੀਕਾਤਮਕ ਤੌਰ 'ਤੇ ਟੀ-ਸ਼ਰਟ 1 ਨੰਬਰ ਭੇਟ ਕੀਤੀ ਗਈ, ਜੋ ਕਿ ਲੀਡਰਸ਼ਿਪ ਅਤੇ ਖੇਡ ਭਾਵਨਾ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਏ । ਇਸ ਮੌਕੇ ਉਨ੍ਹਾਂ ਕਿਹਾ ।

BYTE:RNU280226

ਸ਼੍ਰੀ ਗੁਲਾਬ ਚੰਦ ਕਟਾਰੀਆ, ਆਪਣੀ ਪਤਨੀ, ਸ਼੍ਰੀਮਤੀ ਅਨੀਤਾ ਕਟਾਰੀਆ ਦੇ ਨਾਲ, 5 ਕਿਲੋਮੀਟਰ ਦੀ ਮੈਰਾਥਨ ਵਿੱਚ ਹਿੱਸਾ ਲੈਣਗੇ, ਜੋ ਨਾਗਰਿਕਾਂ ਨੂੰ ਇੱਕ ਸਿਹਤਮੰਦ ਅਤੇ ਸਰਗਰਮ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਗੇ। "ਦੌੜੋ , ਉੱਠੋ, ਦੁਹਰਾਓ" ਥੀਮ 'ਤੇ ਆਧਾਰਿਤ, ਮੈਰਾਥਨ ਦਾ ਉਦੇਸ਼ ਹਰ ਉਮਰ ਵਰਗ ਦੇ ਲੋਕਾਂ ਨੂੰ ਤੰਦਰੁਸਤੀ, ਲਗਨ ਅਤੇ ਦ੍ਰਿੜਤਾ ਨੂੰ ਅਪਣਾਉਣ ਲਈ ਪ੍ਰੇਰਿਤ ਕਰਨਾ ਏ

। ਇਹ ਪ੍ਰੋਗਰਾਮ ਕੱਲ  ਸਵੇਰੇ 7 ਵਜੇ ਚੰਡੀਗੜ੍ਹ ਕਲੱਬ, ਸੈਕਟਰ 1 ਤੋਂ ਸ਼ੁਰੂ ਹੋਵੇਗਾ। ਇਸ ਦੌਰਾਨ ਚਾਰ ਪ੍ਰਮੁੱਖ ਸ਼੍ਰੇਣੀਆਂ  42.19 ਕਿਲੋਮੀਟਰ, 21.09 ਕਿਲੋਮੀਟਰ, 10 ਕਿਲੋਮੀਟਰ ਅਤੇ 5 ਕਿਲੋਮੀਟਰ  ਵਿੱਚ ਮੁਕਾਬਲਾ ਹੋਣਗੇ ।   38 ਕੌਮਾਂਤਰੀ ਐਥਲੀਟਾਂ ਸਮੇਤ 3500 ਤੋਂ ਵੱਧ ਦੌੜਾਕਾਂ ਦੇ ਹਿੱਸਾ ਲੈਣ ਦੀ ਉਮੀਦ ਏ । ਮੈਰਾਥਨ ਲਈ ਕੁੱਲ ਇਨਾਮੀ ਰਕਮ  1 ਕਰੋੜ 16 ਹਜ਼ਾਰ ਰੁਪਏ ਨਿਰਧਾਰਤ ਕੀਤੀ ਗਈ ਏ । 5 ਕਿਲੋਮੀਟਰ ਦੌੜ ਵਿੱਚ ਭਾਗ ਲੈਣ ਵਾਲਿਆਂ ਨੂੰ ਉਨ੍ਹਾਂ ਦੀ ਭਾਗੀਦਾਰੀ ਲਈ ਮੈਡਲ ਅਤੇ ਸਰਟੀਫਿਕੇਟ ਵੀ ਪ੍ਰਾਪਤ ਹੋਣਗੇ।

---------------------------------------------------------------------------------

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਹਰ ਸਾਲ 28 ਫਰਵਰੀ ਨੂੰ ਮਹਾਨ ਭੌਤਿਕ ਵਿਗਿਆਨੀ ਸਰ ਸੀ.ਵੀ. ਰਮਨ ਵਲੋਂ  'ਰਮਨ ਪ੍ਰਭਾਵ' ਦੀ ਖੋਜ ਦੀ ਯਾਦ ਵਿੱਚ ਮਨਾਇਆ ਜਾਂਦਾ ਏ । ਇਸ ਮਹੱਤਵਪੂਰਨ ਖੋਜ ਲਈ, ਸਰ ਰਮਨ ਨੂੰ 1930 ਵਿੱਚ ਨੋਬਲ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ । ਰਾਸ਼ਟਰੀ ਵਿਗਿਆਨ ਦਿਵਸ ਦੇ ਮੌਕੇ 'ਤੇ, ਦੇਸ਼ ਭਰ ਵਿੱਚ ਵੱਖ-ਵੱਖ

ਵਿਸ਼ਿਆਂ 'ਤੇ ਅਧਾਰਤ ਵਿਗਿਆਨ ਸੰਚਾਰ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ । ਇਸ ਸਾਲ ਦਾ ਥੀਮ "ਵਿਗਿਆਨ ਵਿੱਚ ਔਰਤਾਂ: ਇੱਕ ਵਿਕਸਤ ਭਾਰਤ ਲਈ ਉਤਪ੍ਰੇਰਕ" ਰੱਖਿਆ ਗਿਆ ਏ।

------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ, ਖੋਜ ਵਾਤਾਵਰਣ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਰਾਸ਼ਟਰੀ ਵਿਕਾਸ ਅਤੇ ਵਿਸ਼ਵਵਿਆਪੀ ਲਾਭ ਲਈ ਵਿਗਿਆਨ ਅਤੇ ਤਕਨਾਲੋਜੀ ਦੀ ਵਰਤੋਂ ਕਰਨ ਦੇ ਆਪਣੇ ਸੰਕਲਪ ਨੂੰ ਦੁਹਰਾਇਆ। ਰਾਸ਼ਟਰੀ ਵਿਗਿਆਨ ਦਿਵਸ ਮੌਕੇ ਆਪਣੇ ਸੰਦੇਸ਼ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਲੋਕ ਖੋਜ, ਕਾਡਾਂ ਅਤੇ ਵਿਗਿਆਨਕ ਉਤਸੁਕਤਾ ਦੀ ਭਾਵਨਾ ਦਾ ਜਸ਼ਨ ਮਨਾ ਰਹੇ ਨੇ ਜੋ ਦੇਸ਼ ਨੂੰ ਅੱਗੇ ਵਧਾਉਂਦੀ ਏ । ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਰਾਸ਼ਟਰੀ ਵਿਗਿਆਨ ਦਿਵਸ ਮੌਕੇ ਦੇਸ਼ ਦੇ ਵਿਗਿਆਨੀਆਂ ਅਤੇ ਖੋਜਕਰਤਾਵਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਅਮਿਤ ਸ਼ਾਹ ਨੇ ਕਿਹਾ ਕਿ ਵਿਗਿਆਨੀਆਂ ਦੀ ਨਿਰੰਤਰ ਖੋਜ ਦੇਸ਼ ਦਾ ਮਾਰਗਦਰਸ਼ਨ ਕਰਦੀ ਏ ਅਤੇ ਇੱਕ ਬਿਹਤਰ ਭਵਿੱਖ

ਲਈ ਹੱਲ ਤਿਆਰ ਕਰਦੀ ਏ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਦਿਨ ਦੇਸ਼ ਦੇ ਭਵਿੱਖ ਨੂੰ ਆਕਾਰ ਦੇਣ ਲਈ ਨਵੀਨਤਾ ਅਤੇ ਸਿਰਜਣਾ ਦੇ ਉਤਸ਼ਾਹ ਅਤੇ ਸੰਕਲਪ ਨੂੰ ਸੁਰਜੀਤ ਕਰੇਗਾ।

---------------------------------------------------------------------------

ਰਾਸ਼ਟਰੀ ਵਿਗਿਆਨ ਦਿਵਸ ਮੌਕੇ ਬੱਚਿਆਂ ਦੀ ਵਿਗਿਆਨ 'ਚ ਦਿਲਚਸਪੀ ਵਧਾਉਣ ਲਈ, ਪੰਜਾਬ ਭਰ ਵਿਚ ਵੱਖ ਵੱਖ ਪ੍ਰੋਗਰਾਮ ਕਰਵਾਏ ਗਏ। ਮੋਹਾਲੀ ਤੋਂ ਅਧਿਆਪਕ ਮਨਦੀਪ ਕੌਰ ਨੇ ਆਕਾਸ਼ਵਾਣੀ ਜਲੰਧਰ ਨਾਲ ਵੇਰਵੇ ਸਾਂਝੇ ਕੀਤੇ. BYTE:RNU280226

---------------------------------------------------------------------------

ਕਾਂਗਰਸ ਪਾਰਟੀ ਵੱਲੋਂ ਬਰਨਾਲਾ ਵਿੱਚ ਅੱਜ ਇੱਕ ਰੈਲੀ ਕੀਤੀ ਗਈ, ਜਿਸ ਨੂੰ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਸੰਬੋਧਨ ਕੀਤਾ । ਓਹਨਾ ਪੰਜਾਬ ਦੇ ਕਾਂਗਰਸੀ ਆਗੂਆਂ ਨੂੰ ਆਪਸੀ ਏਕਤਾ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਕੰਮ ਟੀਮ ਵਰਕ ਨਾਲ ਹੀ ਹੁੰਦਾ ਏ ਅਤੇ ਇੱਕ ਖਿਡਾਰੀ ਨਾਲ ਮੁਕਾਬਲਾ ਨਹੀਂ ਜਿੱਤਿਆ ਜਾ ਸਕਦਾ ਏ। ਉਨ੍ਹਾਂ ਕਿਹਾ ਕਿ ਇਥੇ ਸਾਰੇ ਸੀਨੀਅਰ

ਆਗੂ ਨੇ । ਜੇਕਰ ਕੋਈ ਚੰਗਾ ਖਿਡਾਰੀ ਨਹੀਂ ਬਣ ਸਕਦਾ ਤਾਂ ਉਸ ਨੂੰ ਰਾਖਵੇਂ ਖਿਡਾਰੀਆਂ ਵਿੱਚ ਬਿਠਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਖਿਡਾਰੀ ਕਿੰਨੇ ਵੀ ਵੱਡੇ ਕਿਉਂ ਨਾ ਹੋਣ, ਪਰ ਪਾਰਟੀ ਤੋਂ ਵੱਡਾ ਕੋਈ ਨਹੀਂ ਹੁੰਦਾ ਏ । ਉਨ੍ਹਾਂ ਪਾਰਟੀ ਦੇ ਸੀਨੀਅਰ ਆਗੂਆਂ ਨੂੰ ਕਿਹਾ ਕਿ ਸਾਡੀ ਸੱਚੀ ਸ਼ਕਤੀ ਸਾਡੇ ਵਰਕਰ ਨੇ , ਜੋ ਪੰਜਾਬ ਵਿੱਚ ਇਨ੍ਹਾਂ ਵਰਕਰਾਂ ਦਾ ਸਾਥ ਦੇਵੇਗਾ, ਉਸਦਾ ਪਾਰਟੀ ਵਿੱਚ ਸਨਮਾਨ ਹੋਵੇਗਾ।ਓਹਨਾ ਦੇ ਨਾਲ ਪਾਰਟੀ ਦੇ ਕੌਮੀ ਪ੍ਰਧਾਨ ਮਲਿਕਅਰਜੁਨ ਖੜਗੇ ਨੇ ਵੀ ਕਈ ਮੁੱਦਿਆਂ 'ਤੇ ਸੰਬੋਧਨ ਕੀਤਾ ।ਇਸ ਮੌਕੇ ਪੰਜਾਬ ਦੇ ਬਹੁਤ ਸਾਰੇ ਕਾਂਗਰਸ ਆਗੂਆਂ ਨੇ ਵੀ ਸੰਬੋਧਨ ਕੀਤਾ ਅਤੇ ਆਮ ਆਦਮੀ ਪਾਰਟੀ ਦੇ ਆਗੂ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲ ਇਸ਼ਾਰਾ ਕਰਦਿਆਂ ਕਿਹਾ ਕਿ ਸੂਬੇ ਦੀ ਸੱਤਾ ’ਤੇ ਬਾਹਰਲਿਆਂ ਦਾ ਕਬਜ਼ਾ ਏ ।

---

ਪੰਜਾਬ ਪੁਲਿਸ ਨੇ ਅੰਮ੍ਰਿਤਸਰ ਤੇ ਮੋਹਾਲੀ ਸਮੇਤ ਸੂਬੇ ਦੇ ਹੋਰ ਖੇਤਰਾਂ ਵਿੱਚ ਵੱਖ-ਵੱਖ ਕਾਰਵਾਈਆਂ ਦੌਰਾਨ ਇੱਕ RDX ਨਾਲ ਭਰੀ IED , 4

ਪਿਸਤੌਲ ਅਤੇ ਜ਼ਿੰਦਾ ਕਾਰਤੂਸ ਅਤੇ 1215 ਨਸ਼ੀਲੀਆਂ ਗੋਲੀਆਂ, ਲਗਭਗ 5 ਕਿਲੋ 50 ਗ੍ਰਾਮ ਹੈਰੋਇਨ, ਕੋਕੀਨ, ICE, ਮੈਜਿਕ ਮਸ਼ਰੂਮ ਅਤੇ ਹੋਰ ਨਸ਼ੀਲੇ ਪਦਾਰਥਾਂ ਦੀ ਸਭ ਤੋਂ ਵੱਡੀ ਖੇਪ ਬਰਾਮਦ ਕੀਤੀ ਏ। ਹੁਣ ਤੱਕ ਵਿਦੇਸ਼ੀ ਅਧਾਰਤ ਦਹਿਸਤਗਰਦੀ ਅਤੇ ਨਸ਼ੀਲੇ ਪਦਾਰਥਾਂ ਦੇ ਮਾਡਿਊਲ ਦੇ 14 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਏ। ਵੇਰਵਿਆਂ ਦਾ ਖੁਲਾਸਾ ਕਰਦੇ ਹੋਏ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਰਾਜ ਵਿਸ਼ੇਸ਼ ਆਪ੍ਰੇਸ਼ਨ ਸੈੱਲ ਮੋਹਾਲੀ ਨੇ ਇੱਕ ਵਿਦੇਸ਼ੀ ਅਧਾਰਤ ਦਹਿਸਤਗਰਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਅਤੇ RDX ਨਾਲ ਭਰੀ IED ਦੇ ਨਾਲ ਇੱਕ ਅਤੇ ਜ਼ਿੰਦਾ ਗੋਲਾ ਬਾਰੂਦ ਦੀ ਬਰਾਮਦਗੀ ਨਾਲ ਇੱਕ ਵੱਡੀ ਦਹਿਸਤਗਰਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ। ਪੁਲਿਸ ਦੇ ਨਸ਼ਿਆਂ ਵਿਰੋਧੀ ਕਾਰਜ ਬਲ ਨੇ ਅੱਜ 6 ਮੁੱਖ ਕਾਰਕੁਨਾਂ ਤੋਂ 9 ਲੱਖ ਰੁਪਏ ਦੀ ਡਰੱਗ ਮਨੀ ਤੋਂ ਇਲਾਵਾ ਨਸ਼ੀਲੀਆਂ ਗੋਲੀਆਂ ਹੋਰ ਨਸ਼ੀਲੇ ਪਦਾਰਥਾਂ ਦੇ ਨਾਲ ਬਰਾਮਦ ਕੀਤੀਆਂ ਨੇ। ਇਹ ਨਸ਼ੀਲੇ ਪਦਾਰਥ ਚੰਡੀਗੜ੍ਹ-ਪੰਚਕੂਲਾ-ਮੁਹਾਲੀ ਅਤੇ ਲੁਧਿਆਣਾ ਦੇ ਤਿੰਨ-ਸ਼ਹਿਰੀ ਖੇਤਰ ਵਿੱਚ ਸਪਲਾਈ ਕੀਤੇ ਜਾ ਰਹੇ ਨੇ ਜੋ ਸ਼ਹਿਰੀ

ਨੌਜਵਾਨਾਂ ਨੂੰ ਨਿਸ਼ਾਨਾ ਬਣਾਉਂਦੇ ਹਨ। ਇੱਕ ਹੋਰ ਕਾਰਵਾਈ ਵਿੱਚ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਦੋ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਏ ਅਤੇ 10 ਵਿਅਕਤੀਆਂ ਨੂੰ ਲਗਭਗ 5 ਕਿਲੋ 30 ਗ੍ਰਾਮ ਹੈਰੋਇਨ, 3 ਆਧੁਨਿਕ ਪਿਸਤੌਲ, 34 ਜ਼ਿੰਦਾ ਕਾਰਤੂਸ ਅਤੇ 4500 ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ ਏ । ਕਈ ਐਫਆਈਆਰ ਦਰਜ ਕੀਤੀਆਂ ਗਈਆਂ ਨੇ । ਅਗਲੇਰੀ ਜਾਂਚ ਜਾਰੀ ਹੈ।

------------------------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਦੋ ਸੰਗਠਿਤ ਮਾਡਿਊਲਾਂ ਦਾ ਪਰਦਾਫਾਸ਼ ਕਰਦਿਆਂ 10 ਵਿਅਕਤੀਆਂ ਨੂੰ 5 ਕਿਲੋ ਤੋਂ ਵੱਧ ਹੈਰੋਇਨ, 3 ਆਧੁਨਿਕ ਪਿਸਤੌਲਾਂ , 34 ਕਾਰਤੂਸ ਅਤੇ 4500 ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ ਏ । ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ

ਸਨ। ਪੁਲਿਸ ਸੂਤਰਾਂ ਦਾ ਦਾਅਵਾ ਏ  ਕਿ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਨੂੰ ਇੱਕ ਸੁਚੱਜੇ ਢੰਗ ਨਾਲ ਸੰਗਠਿਤ ਨੈੱਟਵਰਕ ਰਾਹੀਂ ਵੱਖ-ਵੱਖ ਥਾਵਾਂ 'ਤੇ ਵੰਡਣ ਲਈ ਭਾਰਤੀ ਖੇਤਰ ਵਿੱਚ ਤਸਕਰੀ ਕੀਤਾ ਜਾ ਰਿਹਾ ਏ । ਇਸ ਮਾਮਲੇ ਕਈ FIR ਦਰਜ ਕੀਤੀਆਂ ਗਈਆਂ ਨੇ ਅਤੇ ਅਗਲੇਰੀ ਜਾਂਚ ਜਾਰੀ ਏ ।

------------------------------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵੱਲੋਂ ਪੰਜਾਬ ਰਾਜ  ਵਿਗਿਆਨ ਤੇ ਤਕਨਾਲੋਜੀ ਕੌਂਸਲ ਨਾਲ ਮਿਲਕੇ ਫ਼ਲਾਵਰ ਸ਼ੋਅ ਦਾ ਆਯੋਜਨ ਕੀਤਾ ਗਿਆ ।ਇਸ ਪ੍ਰੋਗਰਾਮ ਦਾ ਆਯੋਜਨ ਕੇਂਦਰੀ  ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਤਬਦੀਲੀ ਮੰਤਰਾਲੇ ਵੱਲੋਂ ਸ਼ੁਰੂ ਕੀਤੇ ਗਏ ਮਿਸ਼ਨ ਲਾਈਫ਼ ਅਧੀਨ ਕੀਤਾ ਗਿਆ । ਇਸ ਸ਼ੋਅ ਦੇ ਦੌਰਾਨ, ਤਾਜੇ ਫ਼ੁੱਲਾਂ ਨੂੰ ਸਜਾਉਣ, ਸੁੱਕੇ ਫ਼ੁੱਲਾਂ ਨੂੰ ਸੁਜਾਉਣ,ਰੰਗੋਲੀ ਅਤੇ ਗਮਲੇ ਵਾਲੇ ਬੂਟਿਆਂ ਦੀ ਪ੍ਰਦਰਸ਼ਨੀ ਦੇ ਮੁਕਾਬਲੇ ਕਰਵਾਏ ਗਏ।  ਸ਼ੋਅ ਵਿਚ ਈਕੋ ਕਲੱਬ ਦੇ ਮੈਂਬਰਾਂ ਸਮੇਤ 500 ਤੋਂ ਵੱਧ ਸਕੂਲਾਂ,ਕਾਲਜਾਂ ਦੇ ਵਿਦਿਆਰਥੀਆਂ, ਬਾਗਵਾਨਾਂ ਨੇ ਹਿਸਾ ਲਿਆ ਅਤੇ ਆਮ ਲੋਕਾਂ ਨੇ ਕੁਦਰਤ ਦੇ ਵੱਖ-ਵੱਖ

ਨਜ਼ਾਰਿਆਂ ਦਾ ਅਨੰਦ ਮਾਣਿਆ।  ਸਾਇੰਸ ਸਿਟੀ ਦੇ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਕਿਹਾ ਕਿ ।BYTE:RNU280226

-------------------------------------------------------------------------------

ਉੱਤਰੀ ਰੇਲਵੇ, ਹੋਲੀ ਦੇ ਤਿਉਹਾਰ ਦੌਰਾਨ ਰੇਲ ਮੁਸਾਫ਼ਰਾਂ ਦੀ ਸਹੂਲਤ ਲਈ ਅੱਜ ਅੰਮ੍ਰਿਤਸਰ ਅਤੇ ਕਟਿਹਾਰ ਵਿਚਕਾਰ ਇੱਕ ਰਾਖਵੀਂ ਵਿਸ਼ੇਸ਼ ਐਕਸਪ੍ਰੈਸ ਰੇਲਗੱਡੀ ਨੰਬਰ 04622 ਚਲਾਏਗਾ । ਫਿਰੋਜ਼ਪੁਰ ਡਿਵੀਜ਼ਨਲ ਦਫ਼ਤਰ ਵਲੋਂ ਜਾਰੀ ਸੂਚਨਾ ਮੁਤਾਬਿਕ ਮੁਸਾਫ਼ਰਾਂ ਨੂੰ ਅੰਮ੍ਰਿਤਸਰ ਤੋਂ ਰਾਤ 8 ਵੱਜਕੇ 40 ਮਿੰਟ ਰਵਾਨਾ ਹੋਵੇਗੀ ਅਤੇ ਲਗਭਗ 38 ਘੰਟਿਆਂ ਬਾਅਦ 11 ਵੱਜਕੇ 20 ਮਿੰਟ 'ਤੇ ਕਟਿਹਾਰ ਪਹੁੰਚੇਗੀ। ਇੱਕ ਰਾਖਵੀਂ ਵਿਸ਼ੇਸ਼ ਐਕਸਪ੍ਰੈਸ ਰੇਲਗੱਡੀ ਨੰਬਰ 04621 , 2 ਮਾਰਚ ਨੂੰ ਕਟਿਹਾਰ ਤੋਂ ਦਬਾਦ ਦੋਪਹਰ ਢਾਈ ਵਜੇ ਰਵਾਨਾ ਹੋਵੇਗੀ ਅਤੇ ਲਗਭਗ 38 ਘੰਟਿਆਂ ਬਾਅਦ  ਸਵੇਰੇ 5 ਵਜੇ ਅੰਮ੍ਰਿਤਸਰ ਪਹੁੰਚੇਗੀ।

-------------------------------------------------------------------------------

ICC 20 -20 ਕ੍ਰਿਕਟ ਵਿਸ਼ਵ ਕੱਪ ਵਿੱਚ, ਸੁਪਰ 8, ਗੇੜ ਵਿੱਚ ਅੱਜ ਸ਼੍ਰੀ ਲੰਕਾ ਦਾ ਪਾਕਿਸਤਾਨ ਨਾਲ ਮੁਕਾਬਲਾ ਹੋਏਗਾ , ਇਹ ਮੈਚ ਸ਼ਾਮੀ

7 ਵਜੇ ਖੇਡਿਆ ਜਾਵੇ ਗਾ । ਕੱਲ ਰਾਤ ਕੋਲੰਬੋ ਵਿੱਚ ਸੁਪਰ 8, ਗੇੜ ਵਿੱਚ ਇੰਗਲੈਂਡ ਨੇ ਨਿਊਜ਼ੀਲੈਂਡ ਨੂੰ 4 ਵਿਕਟਾਂ ਨਾਲ ਹਰਾਇਆ ਦਿੱਤਾ । 161 ਦੌੜਾਂ ਦੇ ਟੀਚੇ ਦਾ ਪਿੱਛਾ ਕਰਦੇ ਹੋਏ, ਇੰਗਲੈਂਡ ਨੇ 19 ਓਵਰਾਂ ਅਤੇ 3 ਗੇਂਦਾਂ ਵਿੱਚ 6 ਵਿਕਟਾਂ ਨਾਲ ਮੈਚ ਜਿੱਤ ਲਿਆ ।

---------------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਰਾਜਸਥਾਨ ਦੇ ਅਜਮੇਰ ਤੋਂ ਸਰਵੀਕਲ ਕੈਂਸਰ ਖਿਲਾਫ HPV ਟੀਕਾਕਰਨ ਮੁਹਿੰਮ ਦੀ ਦੇਸ਼ ਵਿਆਪੀ ਸ਼ੁਰੂਆਤ-ਚੰਡੀਗੜ੍ਹ ਵਿੱਚ ਹੋਇਆ ਇਸ ਮੁਹਿੰਮ ਦਾ ਆਗਾਜ਼।
- ਚੰਡੀਗੜ੍ਹ ਪ੍ਰਸ਼ਾਸਨ ਵਲੋਂ ਕੱਲ ਨੂੰ 'ਚੰਡੀਗੜ੍ਹ ਕੌਮਾਂਤਰੀ ਮੈਰਾਥਨ' ਦਾ ਆਯੋਜਨ-ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਮੈਰਾਥਨ ਦੀ ਅਗਵਾਈ ਕਰਨਗੇ ।
- ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ ਜਾ ਰਿਹਾ ਏ ।

- ਪੰਜਾਬ ਪੁਲਿਸ ਵਲੋਂ ਵੱਖ-ਵੱਖ ਕਾਰਵਾਈਆਂ ਦੌਰਾਨ RDX , ਪਿਸਤੌਲਾਂ , ਜ਼ਿੰਦਾ ਕਾਰਤੂਸ ਅਤੇ ਨਸ਼ੀਲੇ ਪਦਾਰਥਾਂ ਦੀ ਵੱਡੀ ਖੇਪ ਬਰਾਮਦ-14 ਵਿਅਕਤੀਆਂ ਨੂੰ ਕੀਤਾ ਗਿਆ ਗ੍ਰਿਫਤਾਰ।

**ਇਸਦੇ ਨਾਲਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**